**ਰਾਗੁ ਗਉੜੀ ਰਵਿਦਾਸ ਜੀ ਕੇ ਪਦੇ ਗਉੜੀ ਗੁਆਰੇਰੀ ੴ ਸਤਿਨਾਮੁ ਕਰਤਾ ਪੁਰਖੁ ਗੁਰਪ੍ਰਸਾਦਿ ॥ ਮੇਰੀ ਸੰਗਤਿ ਪੋਚ ਸੋਚ ਦਿਨੁ ਰਾਤੀ ॥ ਮੇਰਾ ਕਰਮੁ ਕੁਟਿਲਤਾ ਜਨਮੁ ਕੁਭਾਂਤੀ ॥੧॥ ਰਾਮ ਗੁਸਈਆ ਜੀਅ ਕੇ ਜੀਵਨਾ ॥ ਮੋਹਿ ਨ ਬਿਸਾਰਹੁ ਮੈ ਜਨੁ ਤੇਰਾ ॥੧ ॥ ਰਹਾਉ ॥ ਮੇਰੀ ਹਰਹੁ ਬਿਪਤਿ ਜਨ ਕਰਹੁ ਸੁਭਾਈ ॥ ਚਰਣ ਨ ਛਾਡਉ ਸਰੀਰ ਕਲ ਜਾਈ ॥੨ ॥ ਕਹੁ ਰਵਿਦਾਸ ਪਰਉ ਤੇਰੀ ਸਾਭਾ ॥ ਬੇਗਿ ਮਿਲਹੁ ਜਨ ਕਰਿ ਨ ਬਿਲਾਂਬਾ ॥੩॥੧॥ {ਪੰਨਾ 345}**

ਪਦਅਰਥ:- ਸੰਗਤਿ—ਬਹਿਣ-ਖਲੋਣ। ਪੋਚ—ਨੀਚ, ਮਾੜਾ। ਸੋਚ-ਚਿੰਤਾ, ਫਿਕਰ। ਕੁਟਿ—ਡਿੰਗੀ ਲਕੀਰ। ਕੁਟਿਲ—ਵਿੰਗੀਆਂ ਚਾਲਾਂ ਚੱਲਣ ਵਾਲਾ; ਖੋਟਾ। ਕੁਟਿਲਤਾ—ਵਿੰਗੀਆਂ ਚਾਲਾਂ ਚੱਲਣ ਦਾ ਸੁਭਾਉ, ਖੋਟ। ਕੁਭਾਂਤੀ—ਕੁ-ਭਾਂਤੀ, ਭੈੜੀ ਭਾਂਤ ਦਾ, ਨੀਵੀਂ ਕਿਸਮ ਦਾ, ਨੀਵੀਂ ਜਾਤਿ ਵਿਚੋਂ।1।

ਗੁਸਈਆ—ਹੇ ਗੋਸਾਈਂ! ਹੇ ਧਰਤੀ ਦੇ ਸਾਈਂ। ਜੀਅ ਕੇ—ਜਿੰਦ ਦੇ। ਮੋਹਿ—ਮੈਨੂੰ।1। ਰਹਾਉ।

ਹਰਹੁ—ਦੂਰ ਕਰੋ। ਬਿਪਤਿ—ਮੁਸੀਬਤ, ਭੈੜੀ ਸੰਗਤਿ-ਰੂਪ ਬਿਪਤਾ। ਜਨ—ਮੈਨੂੰ ਦਾਸ ਨੂੰ। ਕਰਹੁ—ਬਣਾ ਲਵੋ। ਸੁਭਾਈ—ਸੁ-ਭਾਈ, ਚੰਗੇ ਭਾਉ ਵਾਲਾ, ਚੰਗੀ ਭਾਵਨਾ ਵਾਲਾ। ਨ ਛਾਡਉ—ਮੈਂ ਨਹੀਂ ਛੱਡਾਂਗਾ। ਕਲ—ਸੱਤਿਆ। ਜਾਈ—ਚਲੀ ਜਾਏ, ਨਾਸ ਹੋ ਜਾਏ।2।

ਕਹੁ—ਆਖ। ਰਵਿਦਾਸ—ਹੇ ਰਵਿਦਾਸ! ਪਰਉ—ਮੈਂ ਪੈਂਦਾ ਹਾਂ, ਮੈਂ ਪਿਆਂ ਹਾਂ। ਸਾਭਾ—ਸਾਂਭ, ਸੰਭਾਲ, ਸਰਨ। ਬੇਗਿ—ਛੇਤੀ। ਬਿਲਾਂਬਾ—ਦੇਰ, ਢਿੱਲ।3।1।

ਨੋਟ:- ਰਵਿਦਾਸ ਜੀ ਕੇ ਪਦੇ—ਰਵਿਦਾਸ ਜੀ ਦੇ 5 ਸ਼ਬਦ ਹਨ; ਤਿੰਨ ਸ਼ਬਦ ਐਸੇ ਹਨ ਜਿਨ੍ਹਾਂ ਦੇ ਤਿੰਨ ਤਿੰਨ ਪਦ (ਬੰਦ—Stanzas) ਹਨ; 1 ਸ਼ਬਦ ਚਾਰ ਬੰਦਾਂ ਵਾਲਾ ਹੈ ਅਤੇ 1 ਸ਼ਬਦ 8 ਬੰਦਾਂ ਵਾਲਾ ਹੈ। ਸੋ; ਸਭਨਾਂ ਵਾਸਤੇ ਸਾਂਝਾ ਲਫ਼ਜ਼ 'ਪਦੇ' ਵਰਤ ਦਿੱਤਾ ਹੈ; ਤਿਪਦੇ, ਚਉਪਦਾ, ਅਸ਼ਟਪਦੀ ਲਿਖਣ ਦੇ ਥਾਂ।

ਅਰਥ:- ਹੇ ਮੇਰੇ ਰਾਮ! ਹੇ ਮੇਰੇ ਰਾਮ! ਹੇ ਧਰਤੀ ਦੇ ਸਾਈਂ! ਹੇ ਮੇਰੀ ਜਿੰਦ ਦੇ ਆਸਰੇ! ਮੈਨੂੰ ਨਾਹ ਵਿਸਾਰੀਂ, ਮੈਂ ਤੇਰਾ ਦਾਸ ਹਾਂ।1। ਰਹਾਉ।

(ਹੇ ਪ੍ਰਭੂ!) ਦਿਨ ਰਾਤ ਮੈਨੂੰ ਇਹ ਸੋਚ ਰਹਿੰਦੀ ਹੈ (ਮੇਰਾ ਕੀਹ ਬਣੇਗਾ?) ਮਾੜਿਆਂ ਨਾਲ ਮੇਰਾ ਬਹਿਣ-ਖਲੋਣ ਹੈ, ਖੋਟ ਮੇਰਾ (ਨਿੱਤ-ਕਰਮ) ਹੈ; ਮੇਰਾ ਜਨਮ (ਭੀ) ਨੀਵੀਂ ਜਾਤਿ ਵਿਚੋਂ ਹੈ।1।

(ਹੇ ਪ੍ਰਭੂ! ਮੇਰੀ ਇਹ ਬਿਪਤਾ ਕੱਟ; ਮੈਨੂੰ ਸੇਵਕ ਨੂੰ ਚੰਗੀ ਭਾਵਨਾ ਵਾਲਾ ਬਣਾ ਲੈ; ਚਾਹੇ ਮੇਰੇ

ਸਰੀਰ ਦੀ ਸੱਤਿਆ ਭੀ ਚਲੀ ਜਾਵੇ, (ਹੇ ਰਾਮ!) ਮੈਂ ਤੇਰੇ ਚਰਨ ਨਹੀਂ ਛੱਡਾਂਗਾ।2।

ਹੇ ਰਵਿਦਾਸ! (ਪ੍ਰਭੂ-ਦਰ ਤੇ) ਆਖ—(ਹੇ ਪ੍ਰਭੂ!) ਮੈਂ ਤੇਰੀ ਸ਼ਰਨ ਪਿਆ ਹਾਂ, ਮੈਨੂੰ ਸੇਵਕ ਨੂੰ ਛੇਤੀ ਮਿਲੋ, ਢਿੱਲ ਨਾਹ ਕਰ।3।1।

ਭਾਵ:- ਪ੍ਰਭੂ-ਦਰ ਤੇ ਅਰਦਾਸਿ—ਹੇ ਪ੍ਰਭੂ! ਮੈਂ ਮੰਦ-ਕਰਮੀ ਹਾਂ, ਪਰ ਤੇਰੀ ਸ਼ਰਨ ਆਇਆ ਹਾਂ। ਭੈੜੀ ਸੰਗਤਿ ਤੋਂ ਬਚਾਈ ਰੱਖ।